# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

**18:20 Pm**

**ਮਿਤੀ: 17-07-2024**

- ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ, ਆਲਮੀ ਆਰਥਿਕ ਵਿਕਾਸ ਲਈ, 'ਮੇਕ ਇਨ ਇੰਡੀਆ' ਦੀ ਸਫਲਤਾ ਦੀ ਸ਼ਲਾਘਾ ਕੀਤੀ।
- ਜਲੰਧਰ-ਪੱਛਮੀ ਵਿਧਾਨ ਹਲਕਾ ਤੋਂ, ਆਮ ਆਦਮੀ ਪਾਰਟੀ ਦੇ ਨਵੇਂ ਚੁਣੇ ਗਏ ਵਿਧਾਇਕ, ਮੋਹਿੰਦਰ ਭਗਤ ਨੇ ਅਹੁਦਾ ਤੇ ਭੇਦ ਗੁਪਤ ਰੱਖਣ ਦੀ ਸੌਂਹ ਚੁੱਕੀ।
- ਪੰਜਾਬ ਪੁਲਿਸ ਨੇ ਸਰਹੱਦ ਪਾਰੋਂ ਚਲਾਏ ਜਾ ਰਹੇ ਤਸਕਰੀ ਰੈਕੇਟ ਦਾ ਪਰਦਾਫਾਸ਼ ਕਰਦਿਆਂ, 7 ਕਿਲੋ ਹੈਰੋਇਨ ਤੇ ਪੰਜ ਪਿਸਤੌਲਾਂ ਸਮੇਤ 2 ਵਿਅਕਤੀ ਗ੍ਰਿਫਤਾਰ ਕੀਤਾ।
- ਪ੍ਰਧਾਨ ਮੰਤਰੀ ਨਰੇਂਦਰ ਮੋਦੀ ਵਲੋਂ ਬੂਟੇ ਲਾਉਣ ਬਾਰੇ 'ਏਕ ਪੇੜ ਮਾਂ ਕੇ ਨਾਮ' ਨਾ ਦੀ ਮੁਹਿੰਮ ਤਹਿਤ, ਵੱਖ ਵੱਖ ਸਮਾਜ ਸੇਵੀ ਸੰਸਥਾਵਾਂ ਤੇ ਆਮ ਲੋਕਾਂ ਵਿਚ ਬੇਹੱਦ ਉਤਸ਼ਾਹ।

---------------------------------------------------------------

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਇੱਕ ਸੋਸ਼ਲ ਮੀਡੀਆ ਪੋਸਟ ਵਿੱਚ, 'ਮੇਕ ਇਨ ਇੰਡੀਆ' ਰਾਹੀਂ,ਆਲਮੀ ਪੱਧਰ 'ਤੇ ਅੱਗੇ ਵਧ ਰਹੀ ਭਾਰਤ ਦੀ ਅਰਥ-ਵਿਵਸਥਾ ਦੀ ਸ਼ਲਾਘਾ ਕੀਤੀ ਏ। ਪੋਸਟ ਵਿਚ ਮੇਕ ਇਨ ਇੰਡੀਆ ਦੀ ਝਲਕ ਦਿਖਾਉਂਦੇ ਹੋਏ, ਦਸਿਆ ਗਿਆ ਏ ਕਿ ਕਿ ਭਾਰਤੀ ਸਾਈਕਲਾਂ ਦੀ ਪੂਰੀ ਦੁਨੀਆ ਵਿੱਚ ਮੰਗ ਵੱਧ ਰਹੀ ਏ। ਬਰਤਾਨੀਆ, ਜਰਮਨੀ ਅਤੇ ਨੀਦਰਲੈਂਡ ਵਿੱਚ ਬਰਾਮਦ ਵਧੀ ਏ। ਪੋਸਟ ਮੁਤਾਬਕ ਬਿਹਾਰ 'ਚ ਬਣੇ ਬੂਟਾਂ ਦੀ ਵਰਤੋਂ ਹੁਣ ਰੂਸੀ ਫੌਜ ਕਰ ਰਹੀ ਏ। ਇੰਨਾ ਹੀ ਨਹੀਂ, ਜਿਵੇਂ-ਜਿਵੇਂ ਕ੍ਰਿਕਟ ਵਰਲਡ ਕੱਪ ਨੇੜੇ ਆਇਆ, ਕਸ਼ਮੀਰ 'ਚ ਬਣੇ ਬੱਲੇ ਦੀ ਮੰਗ ਵਧ ਗਈ। ਭਾਰਤ ਦਾ UPI ਸਿਸਟਮ ਹੁਣ ਆਲਮੀ ਪੱਧਰ ਤੇ ਹੋ ਗਿਆ ਏ , ਜਿਸ ਨਾਲ ਕਈ ਦੇਸ਼ਾਂ ਵਿੱਚ ਨਿਰਵਿਘਨ ਡਿਜੀਟਲ ਅਦਾਇਗੀਆਂ ਨੂੰ ਸਮਰੱਥ ਬਣਾਇਆ ਜਾ ਰਿਹਾ ਏ। ਭਾਰਤ ਅਤੇ ਰੂਸ ਦੇ ਸਾਂਝੇ ਉੱਦਮ ਨਾਲ ਬਣਾਈਆ ਗਈਆ ਬ੍ਰਹਮੋਸ ਮਿਜ਼ਾਈਲਾਂ ਹੁਣ ਦੱਖਣੀ ਚੀਨ ਸਾਗਰ ਵਿੱਚ ਤਾਇਨਾਤ ਨੇ। ਇਹ ਵਿਕਾਸ ਭਾਰਤ ਦੀਆ ਰਣਨੀਤਕ ਰੱਖਿਆ

ਸਮਰੱਥਾਵਾਂ ਅਤੇ ਵਿਸ਼ਵ ਸੁਰੱਖਿਆ ਨੂੰ ਵਧਾਉਣ ਵਿੱਚ ਦੇਸ਼ ਦੀ ਮਹੱਤਵਪੂਰਨ ਭੂਮਿਕਾ 'ਤੇ ਜ਼ੋਰ ਦਿੰਦਾ ਏ ।

---------------------------------------------------------

ਪੰਜਾਬ ਵਿਧਾਨ ਸਭਾ ਦੇ ਸਪੀਕਰ ਕੁਲਤਾਰ ਸਿੰਘ ਸੰਧਵਾਂ ਨੇ, ਅੱਜ ਜਲੰਧਰ-ਪੱਛਮੀ ਵਿਧਾਨ ਹਲਕਾ ਤੋਂ ਆਮ ਆਦਮੀ ਪਾਰਟੀ ਦੇ ਨਵੇਂ ਚੁਣੇ ਗਏ ਵਿਧਾਇਕ ਮੋਹਿੰਦਰ ਭਗਤ ਨੂੰ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਮੌਜੂਦਗੀ ਵਿੱਚ, ਅਹੁਦਾ ਤੇ ਭੇਦ ਗੁਪਤ ਰੱਖਣ ਦਾ ਹਲਫ਼ ਦਿਵਾਇਆ । ਪੰਜਾਬ ਵਿਧਾਨ ਸਭਾ ਦੇ ਇੱਕ ਬੁਲਾਰੇ ਨੇ ਦੱਸਿਆ ਕਿ ਮੁੱਖ ਮੰਤਰੀ ਨੇ ਮੋਹਿੰਦਰ ਭਗਤ ਨੂੰ ਜ਼ਿਮਨੀ ਚੋਣ 37 ਹਜ਼ਾਰ 325 ਵੋਟਾਂ ਦੇ ਵੱਡੇ ਫਰਕ ਨਾਲ ਜਿੱਤਣ ਦੀ ਵਧਾਈ ਦਿੱਤੀ । ਨਵੇਂ ਚੁਣੇ ਵਿਧਾਇਕ ਦੇ ਨਾਲ ਉਨ੍ਹਾਂ ਦੇ ਪਰਿਵਾਰਕ ਮੈਂਬਰ ਅਤੇ ਪਤਵੰਤੇ ਵੀ ਮੌਜੂਦ ਰਹੇ ।

---------------------------------------------------------

NEET UG ਪੇਪਰ ਲੀਕ ਮਾਮਲੇ ਦੀ ਕੇਂਦਰੀ ਜਾਂਚ ਬਿਊਰੋ ਵਲੋਂ ਜਾਂਚ ਅਤੇ ਸਰਵਉੱਚ ਅਦਾਲਤ ਵਲੋਂ ਸੁਣਵਾਈ ਕੀਤੇ ਜਾਣ 'ਤੇ ਲੋਕ ਕਾਫੀ ਸੰਤੁਸ਼ਟ ਨੇ । ਜ਼ਿਲਾ ਮੁਕਤਸਰ ਤੋਂ ਦਸ਼ਮੇਸ਼ ਖ਼ਾਲਸਾ ਕਾਲਜ ਦੇ

ਸਹਾਇਕ ਪ੍ਰੋਫ਼ੇਸਰ ਲਖਵੀਰ ਸਿੰਘ ਦਾ ਕਹਿਣਾ ਏ ਕਿ ਇਸ ਮਾਮਲੇ ਦੇ ਦੋਸ਼ੀਆਂ ਨੂੰ ਸਖਤ ਤੋਂ ਸਖਤ ਸਜ਼ਾ ਮਿਲਣੀ ਚਾਹੀਦੀ ਏ।

-------------------------------------------------------

ਜ਼ਿਲ੍ਹਾ ਖੇਤੀਬਾੜੀ ਅਤੇ ਕਿਸਾਨ ਭਲਾਈ ਵਿਭਾਗ ਨੇ ਮੋਗਾ ਜ਼ਿਲ੍ਹੇ ਦੇ ਨਿਹਾਲ ਸਿੰਘ ਵਾਲਾ ਬਲਾਕ ਅਧੀਨ ਪੈਂਦੀ ਗਊਸ਼ਾਲਾ ਬੱਧਨੀ ਕਲਾਂ ਵਿਖੇ, ਸਾਉਣੀ ਦੀ ਫ਼ਸਲ ਦੀ ਬਿਜਾਈ ਸਬੰਧੀ ਨਵੀਂ ਤਕਨੀਕ ਦੀ ਜਾਣਕਾਰੀ ਦੇਣ ਲਈ ਅੱਜ ਇਕ ਕਿਸਾਨ ਸਿਖਲਾਈ ਕੈਂਪ ਖੇਤੀਬਾੜੀ ਤਕਨਾਲੋਜੀ ਪ੍ਰਬੰਧਨ ਏਜੰਸੀ ਅਤੇ ਭਾਰਤ ਸਰਕਾਰ ਦੇ ਸੂਚਨਾ ਤੇ ਪ੍ਰਸਾਰਣ ਮੰਤਰਾਲੇ ਤਹਿਤ ਕੇਂਦਰੀ ਸੰਚਾਰ ਬਿਊਰੋ ਜਲੰਧਰ ਦੇ ਸਹਿਯੋਗ ਨਾਲ ਲਗਾਇਆ ਗਿਆ। ਕੈਂਪ ਵਿੱਚ ਨੇੜਲੇ ਪਿੰਡਾਂ ਤੋਂ ਵੱਡੀ ਗਿਣਤੀ ਵਿੱਚ ਕਿਸਾਨਾਂ ਨੇ ਭਾਗ ਲਿਆ ਅਤੇ ਬਿਜਾਈ ਤੇ ਵਾਢੀ ਦੀਆਂ ਨਵੀਆਂ ਤਕਨੀਕਾਂ ਨਾਲ ਆਪਣੇ ਆਪ ਨੂੰ ਲੈਸ ਕਰਨ ਤੋਂ ਇਲਾਵਾ ਕੇਂਦਰ ਸਰਕਾਰ ਦੀਆਂ ਵੱਖ-ਵੱਖ ਸਕੀਮਾਂ ਬਾਰੇ ਜਾਣਕਾਰੀ ਹਾਸਲ ਕੀਤੀ। ਨਿਹਾਲ ਸਿੰਘ ਬਲਾਕ, ਜਿਸ ਤਹਿਤ ਇਹ ਕੈਂਪ ਲਗਾਇਆ ਗਿਆ, ਕੇਂਦਰ ਸਰਕਾਰ ਵੱਲੋਂ ਆਸਵੰਦ ਬਲਾਕ ਵਜੋਂ ਚੁਣਿਆ ਗਿਆ

ਬਲਾਕ ਏ । ਖੇਤੀਬਾੜੀ ਵਿਭਾਗ ਦੇ ਪੌਦ ਸੁਰਖਿਆ ਬਾਰੇ ਸੰਯੁਕਤ ਡਾਇਰੈਕਟਰ ਨਰਿੰਦਰ ਸਿੰਘ ਬੈਨੀਪਾਲ ਨੇ ਕਿਹਾ ਕਿ ਸੂਬਾ ਸਰਕਾਰ ਕਿਸਾਨਾਂ ਨੂੰ ਵਧੀਆ ਕੀਟਨਾਸ਼ਕ ਅਤੇ ਖਾਦਾਂ ਮੁਹੱਈਆ ਕਰਵਾਉਣ ਲਈ ਗੰਭੀਰ ਏ। ਉਨ੍ਹਾਂ ਨਕਲੀ ਉਤਪਾਦ ਬਣਾਉਣ ਵਾਲਿਆਂ ਨੂੰ ਚਿਤਾਵਨੀ ਦਿੱਤੀ ਕਿ ਉਹ ਅਜਿਹਾ ਕਰਨ ਤੋਂ ਗੁਰੇਜ਼ ਕਰਨ, ਨਹੀਂ ਤਾਂ ਉਨ੍ਹਾਂ ਖ਼ਿਲਾਫ਼ ਸਖ਼ਤ ਕਾਰਵਾਈ ਕੀਤੀ ਜਾਵੇਗੀ। ਮੋਗਾ ਦੇ ਮੁੱਖ ਖੇਤੀਬਾੜੀ ਅਫ਼ਸਰ ਜਸਵਿੰਦਰ ਸਿੰਘ ਬਰਾੜ ਨੇ ਕਿਹਾ ਕਿ ਸਰਕਾਰ ਕਿਸਾਨਾਂ ਨੂੰ ਖੇਤੀ ਸੰਦ, ਬੀਜ 'ਤੇ ਸਬਸਿਡੀਆਂ ਦੇ ਰਹੀ ਏ ਜਿਸ ਦਾ ਕਿਸਾਨਾਂ ਨੂੰ ਲਾਭ ਲੈਣਾ ਚਾਹੀਦਾ ਏ । ਬਿਊਰੋ ਦੇ ਖੇਤਰੀ ਪ੍ਰਚਾਰ ਅਧਿਕਾਰੀ ਰਾਜੇਸ਼ ਬਾਲੀ ਨੇ ਕਿਸਾਨਾਂ ਨੂੰ ਖੇਤੀ ਖੇਤਰ ਦੇ ਨਾਲ-ਨਾਲ ਆਮ ਲੋਕਾਂ ਲਈ ਕੇਂਦਰ ਸਰਕਾਰ ਦੀਆਂ ਵੱਖ-ਵੱਖ ਭਲਾਈ ਯੋਜਨਾਵਾਂ ਦਾ ਲਾਭ ਲੈਣ ਦਾ ਸੱਦਾ ਦਿੱਤਾ ।

---------------------------------------------------------

ਕੇਂਦਰ ਸਰਕਾਰ ਵਲੋਂ ਲੰਬੀ ਚਰਚਾ ਮਗਰੋਂ ਤਿਆਰ ਕੀਤੇ ਗਏ ਤਿੰਨ ਨਵੇਂ ਅਪਰਾਧਿਕ ਕਾਨੂੰਨ - ਭਾਰਤੀ ਨਿਆ ਸੰਹਿਤਾ, ਭਾਰਤੀ ਨਾਗਰਿਕ

ਸੁਰੱਖਿਆ ਸੰਹਿਤਾ ਅਤੇ ਭਾਰਤੀ ਸਾਕਸ਼ਯ ਅਧਿਨਿਯਮ- 2023 ਲਾਗੂ ਹੋ ਗਏ ਨੇ। ਕਾਨੂੰਨ ਦੀ ਪੜ੍ਹਾਈ ਕਰ ਰਹੀ ਅਮਨਪ੍ਰੀਤ ਕੌਰ ਦਾ ਕਹਿਣਾ ਏ, ਕਿ ਇਹਨਾਂ ਕਨੂੰਨਾ ਦਾ ਆਮ ਨਾਗਰਿਕਾਂ ਨੂੰ ਬੇਹਦ ਫਾਇਦਾ ਹੋਏਗਾ।

-------------------------------------------------------------

ਪੰਜਾਬ ਨੂੰ ਸੁਰੱਖਿਅਤ ਸੂਬਾ ਬਣਾਉਣ ਲਈ ਚਲਾਈ ਜਾ ਰਹੀ ਮੁਹਿੰਮ ਦੌਰਾਨ, ਪੰਜਾਬ ਪੁਲੀਸ ਨੇ ਦੋ ਵਿਅਕਤੀਆਂ ਨੂੰ ਗ੍ਰਿਫ਼ਤਾਰ ਕਰਕੇ, ਪਾਕਿਸਤਾਨ ਹਮਾਇਤ ਪ੍ਰਾਪਤ ਨਸ਼ਾ ਤਸਕਰੀ ਰੈਕੇਟ ਦਾ ਪਰਦਾਫਾਸ਼ ਕੀਤਾ ਏ । ਪੰਜਾਬ ਦੇ DGP ਗੌਰਵ ਯਾਦਵ ਨੇ ਅੱਜ ਅੰਮ੍ਰਿਤਸਰ ਵਿਚ ਦੱਸਿਆ ਕਿ ਦੋਸ਼ੀਆਂ ਦੇ ਕਬਜ਼ੇ ਚੋਂ 7 ਕਿਲੋ ਹੈਰੋਇਨ ਅਤੇ ਪੰਜ ਪਿਸਤੌਲਾਂ ਬਰਾਮਦ ਕੀਤੀਆਂ ਗਈਆਂ ਨੇ । DGP ਯਾਦਵ ਨੇ ਦੱਸਿਆ ਕਿ ਫੜੇ ਗਏ ਵਿਅਕਤੀਆਂ ਦੀ ਪਛਾਣ ਤਰਨਤਾਰਨ ਦੇ ਭੂਰਾ ਕੋਨਾ ਵਾਸੀ ਗੁਰਮੁਖ ਸਿੰਘ ਵਾਸੀ ਅਤੇ ਮਹਿਦੀਪੁਰ ਵਾਸੀ ਜਗਵੰਤ ਸਿੰਘ ਵਜੋਂ ਹੋਈ ਏ । ਪੁਲਿਸ ਟੀਮਾਂ ਨੇ ਹੈਰੋਇਨ ਅਤੇ ਹਥਿਆਰ ਬਰਾਮਦ ਕਰਨ ਤੋਂ ਇਲਾਵਾ ਦੋਸ਼ੀਆਂ ਕੋਲੋਂ 5 ਜਿੰਦਾ ਕਾਰਤੂਸ ਅਤੇ ਪੰਜ ਮੈਗਜ਼ੀਨ ਅਤੇ ਕਾਰ ਵੀ ਜ਼ਬਤ ਕੀਤੀ ਏ। ਗੌਰਵ ਯਾਦਵ ਨੇ ਦੱਸਿਆ

ਕਿ ਪੁਲੀਸ ਨੂੰ ਖੁਫ਼ੀਆ ਇਤਲਾਹ ਮਿਲੀ ਸੀ ਕਿ ਇਹ ਦੋਸ਼ੀ ਕਾਰ ’ਤੇ ਸਵਾਰ ਹੋ ਕੇ ਹਥਿਆਰਾਂ ਦੀ ਖੇਪ ਪਹੁੰਚਾਉਣ ਜਾ ਰਹੇ ਨੇ, ਇਸ ’ਤੇ ਕਾਰਵਾਈ ਕਰਦੇ ਹੋਏ ਅੰਮ੍ਰਿਤਸਰ ਦਿਹਾਤੀ ਪੁਲਿਸ ਨੇ ਪਿੰਡ ਮੁਹਾਵਾ ਦੇ ਨੇੜੇ, ਮੁਲਜ਼ਮਾਂ ਨੂੰ 5 ਪਿਸਤੌਲ ਅਤੇ ਗੋਲੀ ਸਿੱਕੇ ਸਮੇਤ ਕਾਬੂ ਕੀਤਾ। ਅੰਮ੍ਰਿਤਸਰ ਦਿਹਾਤੀ ਦੇ ਸੀਨੀਅਰ ਪੁਲਿਸ ਕਪਤਾਨ ਸਤਿੰਦਰ ਸਿੰਘ ਨੇ ਦੱਸਿਆ ਕਿ ਪੁਲਿਸ ਟੀਮਾਂ ਵੱਲੋਂ ਨਸ਼ਿਆਂ ਨੂੰ ਰੋਕਣ ਬਾਰੇ ਕਾਨੂੰਨ ਤਹਿਤ ਗ੍ਰਿਫਤਾਰ ਕੀਤੇ ਗਏ ਤਸਕਰਾਂ ਦੀ ਗੈਰ-ਕਾਨੂੰਨੀ ਢੰਗ ਨਾਲ ਬਣਾਈ ਜਾਇਦਾਦ ਨੂੰ ਜ਼ਬਤ ਕਰਨ ਲਈ ਵੀ ਕਾਰਵਾਈ ਸ਼ੁਰੂ ਕਰ ਦਿੱਤੀ ਜਾਵੇਗੀ।

---------------------------------------------------------------

ਅੰਮ੍ਰਿਤਸਰ ਦੇ ਸੂਬਾ ਵਿਸ਼ੇਸ਼ ਆਪ੍ਰੇਸ਼ਨ ਸੈੱਲ ਨੇ ਅੰਤਰ-ਰਾਜੀ ਹਥਿਆਰਾਂ ਦੀ ਤਸਕਰੀ ਦੇ ਇੱਕ ਹੋਰ ਨੈੱਟਵਰਕ ਦਾ ਪਰਦਾਫਾਸ਼ ਕਰਦਿਆਂ, ਤਿੰਨ ਤਸਕਰਾਂ ਨੂੰ 32 ਬੋਰ ਦੇ ਤਿੰਨ ਪਿਸਤੌਲਾਂ ਸਮੇਤ ਗ੍ਰਿਫ਼ਤਾਰ ਕੀਤਾ ਏ। ਪੰਜਾਬ ਪੁਲਿਸ ਮੁਖੀ ਗੌਰਵ ਯਾਦਵ ਨੇ ਦੱਸਿਆ ਕਿ ਪੁਲਿਸ ਨੇ ਮੁਲਜ਼ਮਾਂ ਦੇ ਕਬਜ਼ੇ ‘ਚੋਂ ਤਿੰਨ ਪਿਸਤੌਲ ਬਰਾਮਦ ਕਰਨ ਤੋਂ ਇਲਾਵਾ ਤਿੰਨ

ਮੈਗਜ਼ੀਨ ਅਤੇ 6 ਜਿੰਦਾ ਕਾਰਤੂਸ ਵੀ ਬਰਾਮਦ ਕੀਤੇ ਨੇ । ਉਨ੍ਹਾਂ ਦੱਸਿਆ ਕਿ ਸੈੱਲ ਨੂੰ ਖੁਫ਼ੀਆ ਜਾਣਕਾਰੀ ਮਿਲੀ ਸੀ, ਕਿ ਅੰਮ੍ਰਿਤਸਰ ਦੇ ਕੁਝ ਵਿਅਕਤੀ ਅੰਤਰ-ਰਾਜੀ ਹਥਿਆਰਾਂ ਦੀ ਤਸਕਰੀ ਵਿੱਚ ਸ਼ਾਮਲ ਨੇ ਅਤੇ ਮੱਧ ਪ੍ਰਦੇਸ਼ ਦੇ ਗੈਰ-ਕਾਨੂੰਨੀ ਹਥਿਆਰਾਂ ਦੇ ਡੀਲਰਾਂ ਤੋਂ ਹਥਿਆਰਾਂ ਦੀ ਖੇਪ ਖਰੀਦੀ ਏ, ਜਿਸ ਨੂੰ ਕੁਝ ਅਪਰਾਧਿਕ ਅਨਸਰਾਂ ਤੱਕ ਪਹੁੰਚਾਇਆ ਜਾਣਾ ਏ। ਮਾਮਲੇ ਵਿਚ ਅੱਗੇ ਜਾਂਚ ਕੀਤੀ ਜਾ ਰਹੀ ਏ।

---------------------------------------------------

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ, ਵਿਸ਼ਵ ਵਾਤਾਵਰਨ ਦਿਵਸ ਤੇ ਸ਼ੁਰੂ ਬੂਟੇ ਲਗਾਉਣ ਦੀ ਮੁਹਿੰਮ ਏਕ ਪੇੜ ਮਾਂ ਕੇ ਨਾਮ ਤਹਿਤ ਦੇਸ਼ ਭਰ ਦੇ ਲੋਕਾਂ ਨੂੰ ਇਸ ਬਰਸਾਤ ਦੇ ਮੌਸਮ ਵਿਚ ਬੂਟੇ ਲਗਾਉਣ ਦਾ ਸਦਾ ਦਿੱਤਾ ਏ। ਆਮ ਲੋਕ ਇਸ ਮੁਹਿੰਮ ਤੋਂ ਬੇਹੱਦ ਉਤਸ਼ਾਹਤ ਨੇ ਅਤੇ ਵੱਖ ਵੱਖ ਕਿਸਮ ਦੇ ਬੂਟੇ ਵੀ ਲਗਾ ਰਹੇ ਨੇ। ਇਸੇ ਦੌਰਾਨ ਬਠਿੰਡਾ ਦੀ ਰਹਿਣ ਵਾਲੇ ਯਾਸਮਿਨ ਦਾ ਕਹਿਣਾ ਏ ਕਿ ਸਾਨੂ ਵੱਧ ਤੋਂ ਵੱਧ ਬੂਟੇ ਲਾਉਣੇ ਚਾਹੀਦੇ ਨੇ।

---------------------------------------------------------------

ਓਧਰ ਫਤਹਿਗੜ੍ਹ ਸਾਹਿਬ ਜ਼ਿਲ੍ਹੇ ਅੰਦਰ ਵੀ 7 ਲੱਖ ਬੂਟੇ ਲਗਾਏ ਜਾ ਰਹੇ ਨੇ ਤਾਂ ਜੋ ਦਿਨੋ ਦਿਨ ਪ੍ਰਦੂਸ਼ਿਤ ਹੋ ਰਿਹਾ ਵਾਤਾਵਰਨ ਹਰਾ ਭਰਾ ਹੋ ਸਕੇ। ਡਿਪਟੀ ਕਮਿਸ਼ਨਰ ਪਰਨੀਤ ਸ਼ੇਰਗਿੱਲ ਨੇ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਵਿਖੇ ਬੂਟੇ ਲਗਾਉਣ ਮੌਕੇ ਇਹ ਗੱਲ ਕਹਿ । ਉਨ੍ਹਾਂ ਦੱਸਿਆ ਕਿ ਪਹਿਲਾਂ ਜ਼ਿਲ੍ਹੇ ਅੰਦਰ ਢਾਈ ਲੱਖ ਬੂਟੇ ਲਗਾਉਣ ਦਾ ਟੀਚਾ ਮਿੱਥੀਆ ਗਿਆ ਸੀ ਜੋ ਕਿ ਹੁਣ 7 ਲੱਖ ਕਰ ਦਿੱਤਾ ਗਿਆ ਏ । ਇਸ ਤਹਿਤ ਜ਼ਿਲ੍ਹੇ ਅੰਦਰ ਵੱਖ ਵੱਖ ਸਰਕਾਰੀ ਦਫਤਰਾਂ ਦੀਆਂ ਇਮਾਰਤਾਂ,ਪੰਚਾਇਤੀ ਜ਼ਮੀਨਾਂ ਤੇ ਹੋਰ ਖਾਲੀ ਥਾਵਾਂ ਤੇ ਬੂਟੇ ਲਗਾਏ ਜਾਣਗੇ। ਉਨ੍ਹਾਂ ਜ਼ਿਲ੍ਹੇ ਦੇ ਲੋਕਾਂ ਨੂੰ ਅਪੀਲ ਕੀਤੀ ਕੀ ਬੂਟੇ ਲਗਾਉਣ ਦੀ ਇਸ ਮੁਹਿੰਮ ਵਿੱਚ ਵੱਧ ਚੜ੍ਹ ਕੇ ਯੋਗਦਾਨ ਦਿੱਤਾ ਜਾਵੇ ਤਾਂ ਜੋ ਸਹੀਦਾਂ ਦੀ ਇਸ ਪਵਿੱਤਰ ਧਰਤੀ ਨੂੰ ਹਰਿਆ ਭਰਿਆ ਬਣਾਇਆ ਜਾ ਸਕੇ। ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਮਨਰੇਗਾ ਸਕੀਮ ਅਧੀਨ 200 ਬੂਟਿਆਂ ਦੀ ਸਾਂਭ ਸੰਭਾਲ ਲਈ ਇੱਕ ਵਣ ਮਿੱਤਰ ਲਗਾਇਆ ਜਾ ਸਕਦਾ ਏ ਜੋ ਕਿ ਬੂਟਿਆਂ ਦੀ ਦੇਖ-ਭਾਲ ਅਤੇ ਪਾਣੀ ਦੇਵੇਗਾ।

---

ਮਾਲੇਰਕੋਟਲਾ ਜ਼ਿਲ੍ਹੇ ਅੰਦਰ ਵੱਖ-ਵੱਖ ਵਿਭਾਗਾਂ ਅਧੀਨ ਆਉਂਦੀਆਂ ਸਰਕਾਰੀ, ਗ਼ੈਰ ਸਰਕਾਰੀ ਜ਼ਮੀਨਾਂ ’ਤੇ ਪੰਜ ਲੱਖ ਬੂਟੇ ਲਗਾਉਣ ਦਾ ਟੀਚਾ ਰੱਖਿਆ ਗਿਆ ਏ, ਤਾਂ ਜੋ ਆਉਣ ਵਾਲੀਆਂ ਪੀੜੀਆਂ ਨੂੰ ਸਾਫ ਸੁਥਰੇ ਵਾਤਾਵਰਣ ਦੀ ਸੁਗਾਤ ਦਿੱਤੀ ਜਾ ਸਕੇ । ਜ਼ਿਲੇ ਦੇ ਡਿਪਟੀ ਕਮਿਸ਼ਨਰ ਡਾ. ਪੱਲਵੀ ਨੇ ਸਮੂਹ ਵਿਭਾਗਾਂ ਦੇ ਅਧਿਕਾਰੀਆਂ ਨਾਲ ਇਕ ਮੀਟਿੰਗ ਦੌਰਾਨ ਇਹ ਜਾਣਕਾਰੀ ਦਿੱਤੀ । ਸਵੱਛ ਅਤੇ ਹਰਾ ਭਰਾ ਜ਼ਿਲ੍ਹਾ ਬਣਾਉਣ ਲਈ ਪ੍ਰਸਾਸ਼ਨ ਦੀ ਵਚਨਬੱਧਤਾ ਦੁਹਰਾਉਂਦਿਆਂ, ਉਨਾਂ ਕਿਹਾ ਕਿ ਸਾਨੂੰ ਸਾਰਿਆਂ ਨੂੰ ਆਪਣੀ ਨੈਤਿਕ ਜਿੰਮੇਵਾਰੀ ਸਮਝਦੇ ਹੋਏ ਮਾਨਸੂਨ ਸੀਜ਼ਨ ਦੌਰਾਨ, ਵੱਧ ਤੋਂ ਵੱਧ ਬੂਟੇ ਲਾਉਣ ਲਈ ਸਪਰਪਨ ਭਾਵਨਾਂ ਨਾਲ ਅੱਗੇ ਆਉਣਾ ਚਾਹੀਦਾ ਏ । ਡਾ. ਪੱਲਵੀ ਨੇ ਕਿਹਾ ਕਿ ਜੇ ਅਸੀਂ ਹੁਣ ਵੀ ਵਾਤਾਵਰਣ ਦੀ ਸਾਂਭ ਸੰਭਾਲ ਲਈ ਸਚੇਤ ਨਾ ਹੋਏ, ਤਾਂ ਸਾਨੂੰ ਬਹੁਤ ਵੱਡਾ ਖਾਮਿਆਜਾ ਭੁਗਤਣਾ ਪੈਣਾ ਏ । ਉਨ੍ਹਾਂ ਸਮਾਜ ਸੇਵੀ ਸੰਸਥਾਵਾਂ ਨੂੰ, ਇਸ ਨੇਕ ਉਪਰਾਲੇ ਲਈ ਅੱਗੇ ਆਉਣ ਦਾ ਸੱਦਾ ਵੀ ਦਿੱਤਾ ।

---

ਓਧਰ ਪਟਿਆਲਾ ਦੇ ਡਿਪਟੀ ਕਮਿਸ਼ਨਰ ਪਟਿਆਲਾ ਸ਼ੌਕਤ ਅਹਿਮਦ

ਪਰੇ ਨੇ ਅੱਜ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਮਲਟੀ ਪਰਪਜ਼ ਵਿਖੇ ਬੂਟੇ ਲਾਕੇ, ਵਿਦਿਆਰਥੀਆਂ ਨੂੰ ਬੂਟੇ ਲਗਾਉਣ ਦੀ ਮੁਹਿੰਮ ਦਾ ਹਿੱਸਾ ਬਣਨ ਲਈ ਪ੍ਰੇਰਿਤ ਕੀਤਾ। ਸਕੂਲ ਦੇ ਪ੍ਰਿੰਸੀਪਲ ਵਿਜੇ ਕਪੂਰ ਦੀ ਅਗਵਾਈ ਵਿੱਚ ਕਰਵਾਏ ਗਏ ਵਾਤਾਵਰਣ ਚੇਤਨਾ ਸਮਾਗਮ 'ਚ ਪੁੱਜੇ ਡਿਪਟੀ ਕਮਿਸ਼ਨਰ ਸ਼ੌਕਤ ਅਹਿਮਦ ਪਰੇ ਨੇ ਵਿਦਿਆਰਥੀਆਂ ਨੂੰ ਸੰਬੋਧਨ ਕਰਦੇ ਹੋਏ ਕਿਹਾ ਕਿ ਨੌਜਵਾਨਾਂ ਨੂੰ ਆਪਣੀ ਊਰਜਾ ਸਕਾਰਾਤਮਕ ਕੰਮ ਵਿੱਚ ਲਾ ਕੇ, ਵਾਤਾਵਰਨ ਦੀ ਸੰਭਾਲ ਕਰਨੀ ਚਾਹੀਦੀ ਏ । ਉਨ੍ਹਾਂ ਕਿਹਾ ਕਿ ਬੂਟੇ ਲਗਾਉਣ ਦਾ ਇਹ ਸਭ ਤੋਂ ਵੱਧ ਢੁਕਵਾਂ ਸਮਾਂ ਏ ਤੇ ਹਰੇਕ ਵਿਦਿਆਰਥੀ ਹੋਰਨਾਂ ਨੂੰ ਵੀ ਵਾਤਾਵਰਣ ਦੀ ਸ਼ੁੱਧਤਾ ਲਈ ਬੂਟੇ ਲਗਾਉਣ ਲਈ ਜਾਗਰੂਕ ਕਰੇ। ਇਸ ਮੌਕੇ ਵਿਦਿਆਰਥੀਆਂ, ਅਧਿਆਪਕਾਂ, ਐਨ.ਸੀ.ਸੀ ਕੈਡਟ ਏਅਰ ਵਿੰਗ ਅਤੇ ਵਲੰਟੀਅਰਸ ਵੱਲੋਂ ਮਿਲ ਕੇ ਸਕੂਲ ਵਿੱਚ ਛਾਂ ਦਾਰ ਬੂਟੇ ਲਾਏ।

---------------------------------------------------

ਮੁਹਾਲੀ ਸਥਿਤ ਰਿਆਤ ਬਾਹਰਾ ਯੂਨੀਵਰਸਿਟੀ ਸਕੂਲ ਆਫ ਫਾਰਮਾ-ਸਿਊਟੀਕਲ ਸਾਇੰਸਿਜ਼ ਵੱਲੋਂ ‘ਬੂਟਿਆਂ ਦੀ ਦਵਾਈ ਤੋਂ ਬਾਇਓ-ਐਕਟਿਵ ਮੋਲੀ-ਕਿਊਲ ਨੂੰ ਕਿਵੇਂ ਅਲੱਗ ਕਰਨਾ ਏ’ ਵਿਸ਼ੇ ’ਤੇ, ਦੋ ਦਿਨ ਦੀ ਕੌਮੀ ਕਾਨਫਰੰਸ ਦਾ ਆਯੋਜਨ ਕੀਤਾ ਗਿਆ । ਇਸ ਕਾਨਫਰੰਸ ਨੇ ਬੁਟੀਏ

ਦੀਆਂ ਦਵਾਈਆਂ ਤੋਂ ਬਾਇਓ-ਐਕਟਿਵ ਅਣੂਆਂ ਦੇ ਅਲੱਗ-ਥਲੱਗ ’ਤੇ ਚਰਚਾ ਕਰਨ ਅਤੇ ਵਿਚਾਰਾਂ ਦਾ ਆਦਾਨ-ਪ੍ਰਦਾਨ ਕਰਨ ਲਈ ਖੇਤਰ ਦੇ ਪ੍ਰਮੁੱਖ ਮਾਹਿਰਾਂ, ਖੋਜਕਰਤਾਵਾਂ ਅਤੇ ਪੇਸ਼ੇਵਰਾਂ ਨੂੰ ਇਕੱਠਾ ਕੀਤਾ। ਯੂਨੀਵਰਸਿਟੀ ਦੇ ਚਾਂਸਲਰ ਗੁਰਵਿੰਦਰ ਸਿੰਘ ਬਾਹਰਾ ਅਤੇ ਵਾਈਸ-ਚਾਂਸਲਰ ਡਾ: ਪਰਵਿੰਦਰ ਸਿੰਘ ਨੇ ਸਮਾਗਮ ਦੀ ਸ਼ੁਰੂਆਤ ਕੀਤੀ। ਯੂਨੀਵਰਸਿਟੀ ਦੇ ਸਕੂਲ ਆਫ਼ ਫਾਰਮਾ-ਸਿਊਟੀਕਲ ਸਾਇੰਸਜ਼ ਅਤੇ SPER ਨੇ ਫਾਰਮਾ-ਸਿਊਟੀਕਲ ਅਤੇ ਖੋਜ ਦੇ ਖੇਤਰ ਵਿੱਚ ਦਿਲਚਸਪੀ ਰੱਖਣ ਵਾਲੇ ਭਾਗੀਦਾਰਾਂ ਨੂੰ ਭਰਪੂਰ ਅਨੁਭਵ ਦੇਣ ਲਈ, ਇੱਕ ਸਮਝੌਤਾ ਪੱਤਰ ’ਤੇ ਹਸਤਾਖਰ ਕੀਤੇ।

---------------------------------------------------

ਜਲੰਧਰ ਸਮੇਤ ਪਟਿਆਲਾ ਤੇ ਮੁਹਾਲੀ ਜ਼ਿਲਿਆਂ ਵਿਚ ਅੱਜ ਹਲਕੀ ਤੋਂ ਦਰਮਿਆਨੀ ਵਰਖਾ ਹੋਈ। ਇਸ ਮੀਂਹ ਨਾਲ ਲੋਕਾਂ ਨੂੰ ਕੁਝ ਸਮੇਂ ਲਈ ਗਰਮੀ ਤੋਂ ਰਾਹਤ ਜ਼ਰੂਰ ਮਿਲੀ ਅਤੇ ਮੌਸਮ ਵੀ ਸੁਹਾਵਣਾ ਹੋਇਆ ਪਰ ਮੀਹ ਤੋਂ ਬਾਅਦ, ਫੇਰ ਤੋਂ ਲੋਕਾਂ ਨੂੰ ਹੁੰਮਸ ਦਾ ਸਾਹਮਣਾ ਕਰਨਾ ਪਿਆ।

---------------------------------------------------

**ਆਖਿਰ ਵਿਚ ਖ਼ਾਸ ਖ਼ਬਰਾਂ ਇਕ ਵਾਰ ਫੇਰ ਤੋਂ**

- ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ, ਆਲਮੀ ਆਰਥਿਕ ਵਿਕਾਸ ਲਈ, 'ਮੇਕ ਇਨ ਇੰਡੀਆ' ਦੀ ਸਫਲਤਾ ਦੀ ਸ਼ਲਾਘਾ ਕੀਤੀ।
- ਜਲੰਧਰ-ਪੱਛਮੀ ਵਿਧਾਨ ਹਲਕਾ ਤੋਂ, ਆਮ ਆਦਮੀ ਪਾਰਟੀ ਦੇ ਨਵੇਂ ਚੁਣੇ ਗਏ ਵਿਧਾਇਕ, ਮੋਹਿੰਦਰ ਭਗਤ ਨੇ ਅਹੁਦਾ ਤੇ ਭੇਦ ਗੁਪਤ ਰੱਖਣ ਦੀ ਸੌਂਹ ਚੁੱਕੀ।
- ਪੰਜਾਬ ਪੁਲਿਸ ਨੇ ਸਰਹੱਦ ਪਾਰੋਂ ਚਲਾਏ ਜਾ ਰਹੇ ਤਸਕਰੀ ਰੈਕੇਟ ਦਾ ਪਰਦਾਫਾਸ਼ ਕਰਦਿਆਂ, 7 ਕਿਲੋ ਹੈਰੋਇਨ ਤੇ ਪੰਜ ਪਿਸਤੌਲਾਂ ਸਮੇਤ 2 ਵਿਅਕਤੀ ਗ੍ਰਿਫਤਾਰ ਕੀਤਾ।
- ਪ੍ਰਧਾਨ ਮੰਤਰੀ ਨਰੇਂਦਰ ਮੋਦੀ ਵਲੋਂ ਬੂਟੇ ਲਾਉਣ ਬਾਰੇ 'ਏਕ ਪੇੜ ਮਾਂ ਕੇ ਨਾਮ' ਨਾ ਦੀ ਮੁਹਿੰਮ ਤਹਿਤ, ਵੱਖ ਵੱਖ ਸਮਾਜ ਸੇਵੀ ਸੰਸਥਾਵਾਂ ਤੇ ਆਮ ਲੋਕਾਂ ਵਿਚ ਬੇਹੱਦ ਉਤਸ਼ਾਹ।